# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :10-02-2026**

ਰੇਲਵੇ ਮੰਤਰਾਲੇ ਨੇ ਪੰਜਾਬ ‘ਚ ਰਾਜਪੁਰਾ ਬਾਈਪਾਸ ਲਾਈਨ ਦੇ ਨਿਰਮਾਣ ਲਈ 411 ਕਰੋੜ ਰੁਪਏ ਤੋਂ ਵੱਧ ਦੀ ਰਕਮ ਨੂੰ ਮਨਜ਼ੂਰੀ ਦੇ ਦਿੱਤੀ ਏ, ਜੋ ਕਿ ਉੱਤਰੀ ਰੇਲਵੇ ਕੋਰੀਡੋਰ 'ਤੇ ਭੀੜ ਨੂੰ ਘੱਟ ਕਰਨ ਲਈ ਬਣਾਈ ਜਾ ਰਹੀ ਏ। ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਕਿ ਇਸ ਪ੍ਰੋਜੈਕਟ ਵਿੱਚ 13 ਕਿਲੋਮੀਟਰ ਲੰਬੀ ਬਾਈਪਾਸ ਲਾਈਨ ਦਾ ਨਿਰਮਾਣ ਸ਼ਾਮਲ ਏ, ਜੋ ਨਵੇਂ ਸ਼ੰਭੂ ਸਮਰਪਿਤ ਮਾਲ ਕੋਰੀਡੋਰ ਸਟੇਸ਼ਨ ਨੂੰ ਮੌਜੂਦਾ ਰਾਜਪੁਰਾ-ਬਠਿੰਡਾ ਲਾਈਨ 'ਤੇ ਕੌਲੀ ਸਟੇਸ਼ਨ ਨਾਲ ਜੋੜਦੀ ਏ। ਉਨ੍ਹਾਂ ਕਿਹਾ ਕਿ ਅੰਬਾਲਾ-ਜਲੰਧਰ ਸੈਕਸ਼ਨ ਉੱਤਰੀ ਰੇਲਵੇ ਨੈੱਟਵਰਕ ਦੇ ਸਭ ਤੋਂ ਵਿਅਸਤ ਕੋਰੀਡੋਰਾਂ ਵਿੱਚੋਂ ਇੱਕ ਏ। ਉਨ੍ਹਾਂ ਕਿਹਾ ਕਿ ਆਵਾਜਾਈ ਵਿੱਚ ਅਨੁਮਾਨਿਤ ਵਾਧੇ ਦੇ ਕਾਰਨ, ਇਸ ਸੈਕਸ਼ਨ ਵਿੱਚ ਸਮਰੱਥਾ ਵਰਤੋਂ 2030-31 ਤੱਕ 165 ਫੀਸਦੀ ਤੋਂ ਵੱਧ ਹੋਣ ਦੀ ਉਮੀਦ ਏ।

---------------------------------------------------------------

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੱਲ ਜਲੰਧਰ ਦੇ ਗਿੱਦੜਪਿੰਡੀ ਰੇਲਵੇ ਪੁਲ ਅਤੇ ਮੰਡਾਲਾ ਛੰਨਾ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਿਤ ਅਧਿਕਾਰੀਆਂ ਨੂੰ ਇਹਨਾਂ ਮੁਸ਼ਕਿਲਾਂ ਦਾ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਸੰਤ ਸੀਚੇਵਾਲ ਨੇ ਕਿਹਾ ਕਿ ਗਿੱਦੜਪਿੰਡੀ ਰੇਲਵੇ ਪੁਲ ਹੇਠੋਂ ਜੰਮੀ ਗਾਰ ਨੂੰ ਕਢਵਾਉਣਾ ਬਹੁਤ ਜ਼ਰੂਰੀ ਏ , ਤਾਂ ਜੋ ਹੜ੍ਹਾਂ ਵਰਗੇ ਹਾਲਾਤ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਉਹ ਗਾਰ, ਨਜਾਇਜ਼ ਕਬਜ਼ੇ ਅਤੇ ਹੋਰ ਅਹਿਮ ਮੁਸ਼ਕਿਲਾਂ ਦੇ ਹੱਲ ਲਈ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਸਮੇਤ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰ ਚੁੱਕੇ ਨੇ । ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵਲੋਂ ਇਲਾਕੇ ਵਿੱਚ ਹੜ੍ਹਾਂ ਵਰਗੇ ਹਾਲਾਤ ਪੈਦਾ ਨਹੀਂ ਹੋਣ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਮੰਡਾਲਾ ਛੰਨਾ ਵਿਖੇ 2200 ਫੁੱਟ ਤੱਕ ਪੱਥਰ ਲਗਾਉਣ ਦੀ ਤਜ਼ਵੀਜ ਬਣਾਈ ਜਾ ਰਹੀ ਏ । ਉਨ੍ਹਾਂ ਕਿਹਾ ਕਿ ਇੱਥੇ ਪੱਥਰ ਲਾ ਕੇ ਜਿੱਥੇ ਬੰਨ੍ਹ ਮਜ਼ਬੂਤ ਕੀਤਾ ਜਾਵੇਗਾ ।

---------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ, ਜਸਵੀਰ ਸਿੰਘ ਗੜ੍ਹੀ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ, ਪੰਜਾਬ

ਮੰਤਰੀ ਮੰਡਲ ਦੇ ਅਨੁਸੂਚਿਤ ਜਾਤੀ ਨਾਲ ਸੰਬਧਤ ਇਕ ਮੰਤਰੀ ਖਿਲਾਫ ਕੀਤੀ ਗਈ ਕਥਿਤ ਅਪਮਾਨਜਨਕ ਅਤੇ ਘਿਣਾਉਣੀ ਟਿੱਪਣੀ ਬਾਰੇ ਸਪੱਸ਼ਟੀਕਰਨ ਦੇਣ ਲਈ ਕੱਲ੍ਹ ਤਲਬ ਕੀਤਾ ਏ । ਸ਼੍ਰੀ ਗੜ੍ਹੀ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ ਕਿ ਕਾਂਗਰਸ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ, ਅਨੁਸੂਚਿਤ ਜਾਤੀ ਨਾਲ ਸਬੰਧਤ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਖਿਲਾਫ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਏ । ਚੇਅਰਮੈਨ ਨੇ ਕਿਹਾ ਕਿ ਸ਼੍ਰੀ ਬਾਜਵਾ ਨੂੰ ਕੱਲ੍ਹ 11 ਫਰਵਰੀ ਨੂੰ ਕਮਿਸ਼ਨ ਦੇ ਦਫ਼ਤਰ ਵਿੱਚ ਤਲਬ ਕਰਨ ਤੋਂ ਇਲਾਵਾ, ਇਸ ਮਾਮਲੇ ਵਿੱਚ ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਤੋਂ ਵੀ ਰਿਪੋਰਟ ਮੰਗੀ ਗਈ ਏ।

---------------------------------------------------

ਪੰਜਾਬ ਸਰਕਾਰ ਨੇ  ਮਹਾਨ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੇ 180ਵੇਂ ਸ਼ਹੀਦੀ ਦਿਹਾੜੇ ਮੌਕੇ ਅੱਜ ਅੰਮ੍ਰਿਤਸਰ ਵਿਖੇ ਇੱਕ ਸੂਬਾ ਪੱਧਰੀ ਸਮਾਗਮ ਦਾ ਆਯੋਜਨ ਕੀਤਾ । ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਨਮਨ ਕੀਤਾ ।

ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦਾ ਯੋਗਦਾਨ ਸਿੱਖ ਇਤਿਹਾਸ ਵਿੱਚ ਹਮੇਸ਼ਾ ਅਮਰ ਰਹੇਗਾ।

BYTE

ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਟਰੱਸਟ ਦੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਹਰ ਸਾਲ ਇਹ ਸ਼ਹੀਦੀ ਦਿਹਾੜਾ ਰਾਜ ਪੱਧਰ ’ਤੇ ਮਨਾਇਆ ਜਾਂਦਾ ਏ, ਪਰ ਟਰੱਸਟ ਦੀ ਮੁੱਖ ਮੰਗ ਏ ਕਿ ਇਸ ਸ਼ਹੀਦੀ ਦਿਹਾੜੇ ਨੂੰ ਪੰਜਾਬ ਸਰਕਾਰ ਵੱਲੋਂ ਗਜ਼ਟ ਵਿੱਚ ਨੋਟੀਫਾਈ ਕਰਕੇ ਸਥਾਈ ਤੌਰ ’ਤੇ ਦਰਜ ਕੀਤਾ ਜਾਵੇ, ਤਾਂ ਜੋ ਹਰ ਸਾਲ ਸਰਕਾਰ ਅੱਗੇ ਵੱਖਰੇ ਤੌਰ ’ਤੇ ਬੇਨਤੀ ਨਾ ਕਰਨੀ ਪਵੇ । ਇਸ ਮੌਕੇ ਪੁਹੰਚੇ ਕਰਨਲ ਹਰਿੰਦਰ ਸਿੰਘ ਨੇ ਕਿਹਾ ਕਿ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੀ ਸ਼ਹਾਦਤ ਸਿਰਫ਼ ਉਨ੍ਹਾਂ ਦੇ ਪਰਿਵਾਰ ਹੀ ਨਹੀਂ, ਸਗੋਂ ਪੂਰੇ ਸਮਾਜ ਲਈ ਮਾਣ ਦੀ ਗੱਲ ਹੈ। ਉਨ੍ਹਾਂ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਨਵੀਂ ਪੀੜ੍ਹੀ ਨੂੰ ਦੇਸ਼ਭਗਤੀ ਅਤੇ ਬਲਿਦਾਨ ਦੀ ਪ੍ਰੇਰਣਾ ਦਿੰਦੇ ਨੇ ।

--------------------------------------------------

ਪੰਜਾਬ ਦੀ ਖੇਡ ਵਿਰਾਸਤ ਬਹਾਲ ਕਰਕੇ ਨਸ਼ਿਆਂ ਨੂੰ ਖ਼ਤਮ ਕਰਨ ਦੇ ਦ੍ਰਿੜ੍ਹ ਸੰਕਲਪ ਤਹਿਤ ਸੂਬਾ ਸਰਕਾਰ ਨੇ ਪੰਜਾਬ ਕ੍ਰਿਕਟ ਲੀਗ ਦੀ ਸ਼ੁਰੂਆਤ ਨੂੰ ਮਨਜ਼ੂਰੀ ਦੇ ਦਿੱਤੀ ਏ । ਇੰਡੀਅਨ ਪ੍ਰੀਮੀਅਰ ਲੀਗ ਦੀ

ਤਰਜ਼ 'ਤੇ ਜ਼ਿਲ੍ਹਾ ਤੇ ਖੇਤਰੀ ਪੱਧਰ ‘ਤੇ ਟੀਮਾਂ ਬਣਾ ਕੇ ਅਤੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਅਤੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਕਰਵਾਈ ਜਾਣ ਵਾਲੀ ਇਸ ਲੀਗ ਦਾ ਉਦੇਸ਼ ਨੌਜਵਾਨ ਪ੍ਰਤਿਭਾ ਦੀ ਪਛਾਣ ਕਰਨਾ, ਤਿਆਰ ਕਰਨਾ ਅਤੇ ਪੇਸ਼ੇਵਰ ਰਾਹ ‘ਤੇ ਲੈ ਜਾਣਾ ਏ । ਇਸ ਦੇ ਨਾਲ ਹੀ ਇਸ ਦਾ ਉਦੇਸ਼ ਖੇਡਾਂ ਵਿੱਚ ਜ਼ਿਲ੍ਹਾ ਅਤੇ ਰਾਜ-ਪੱਧਰੀ ਲੀਗ ਦਾ ਇੱਕ ਵਿਆਪਕ ਈਕੋ-ਸਿਸਟਮ ਸਥਾਪਤ ਕਰਨਾ ਏ ਤਾਂ ਜੋ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਅਨੁਸ਼ਾਸਨ, ਨਵੇਂ ਮੌਕਿਆਂ ਅਤੇ ਰਾਸ਼ਟਰੀ ਨੁਮਾਇੰਦਗੀ ਵੱਲ ਲੈ ਜਾਇਆ ਜਾ ਸਕੇ। ਖੇਡ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਦੇ ਉਦੇਸ਼ ਨਾਲ ਨੌਜਵਾਨਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਵਿੱਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਤੋਂ ਨੌਜਵਾਨ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਦੇ ਤਾਲਮੇਲ ਨਾਲ ਪੰਜਾਬ ਕ੍ਰਿਕਟ ਲੀਗ ਕਰਵਾਈ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਵਾਲੀਬਾਲ, ਫੁੱਟਬਾਲ, ਹਾਕੀ, ਬਾਸਕਟਬਾਲ, ਖੋ-ਖੋ ਅਤੇ ਕਬੱਡੀ ਵਰਗੀਆਂ ਖੇਡਾਂ ਲਈ ਵੀ ਜ਼ਿਲ੍ਹਾ

ਪੱਧਰੀ ਅਤੇ ਰਾਜ ਪੱਧਰੀ ਲੀਗ ਟੂਰਨਾਮੈਂਟ ਕਰਵਾਏ ਜਾਣੇ ਚਾਹੀਦੇ ਨੇ
।

---------------------------------------------------------

ਪੰਜਾਬ ਵਿਚੋਂ ਨਸ਼ਿਆਂ ਦੇ ਖਾਤਮੇ ਲਈ, ਪੰਜਾਬ ਪੁਲਿਸ ਵਲੋਂ ਸ਼ੁਰੂ ਕੀਤੇ ਆਪਰੇਸ਼ਨ ਪਰਹਾਰ ਦੇ ਦੂਜੇ ਗੇੜ ਤਹਿਤ ਅੱਜ DIG ਨਾਨਕ ਸਿੰਘ ਦੀ ਅਗਵਾਹੀ ਵਿੱਚ ਰੂਪਨਗਰ ਵਿਖੇ ਜ਼ਿਲਾ ਅਦਾਲਤਾਂ ਦੀ ਵਿਸ਼ੇਸ਼  ਚੈਕਿੰਗ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਵੇਰਵੇ ਸਾਂਝੇ ਕਰਦਿਆਂ DIG ਨੇ ਦੱਸਿਆ ਕਿ  ।

BYTE

---------------------------------------------------------